# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 20-03-2025**

- ਖੇਤੀਬਾੜੀ ਅਤੇ ਕਿਸਾਨ ਭਲਾਈ ਰਾਜ ਮੰਤਰੀ ਭਾਗੀਰਥ ਚੌਧਰੀ ਨੇ ਕਿਹਾ - ਕੇਂਦਰ ਸਰਕਾਰ ਕਿਸਾਨਾਂ ਦੀ ਭਲਾਈ ਲਈ ਵਚਨਬੱਧ ਏ I
- ਪੰਜਾਬ ਵਿੱਚ, ਉਦਯੋਗਪਤੀਆਂ ਅਤੇ ਆਮ ਲੋਕਾਂ ਨੇ ਬੀਤੀ ਸ਼ਾਮ ਹਰਿਆਣਾ ਨਾਲ ਲੱਗਦੇ ਸ਼ੰਭੂ ਅਤੇ ਖਨੌਰੀ ਚੈੱਕ ਪੁਆਇੰਟਾਂ ਤੋਂ ਸੂਬਾ ਸਰਕਾਰ ਵੱਲੋਂ ਕਿਸਾਨਾਂ ਨੂੰ ਹਟਾਉਣ ਦਾ ਸਵਾਗਤ ਕੀਤਾ।
- ਪੰਜਾਬ ਸਰਕਾਰ ਨੇ ਬੀਤੇ ਦਿਨੀ ਪੁਲਿਸ ਅਧਿਕਾਰੀਆਂ ਵਲੋਂ ਕਰਨਲ ਪੁਸ਼ਪਿੰਦਰ ਬਾਠ ਅਤੇ ਉਨ੍ਹਾਂ ਦੇ ਪੁੱਤਰ ੩ਤੇ ਹੋਏ ਹਮਲੇ ਦੀ ਮੈਜਿਸਟ੍ਰੇਟ ਜਾਂਚ ਦੇ ਹੁਕਮ ਦਿਤੇ ।
- ਉੱਤਰਾਖੰਡ ਵਿੱਚ ਚਾਰ ਧਾਮ ਯਾਤਰਾ ਲਈ ਰਜਿਸਟ੍ਰੇਸ਼ਨ ਅੱਜ ਤੋਂ ਹੋਈ ਸ਼ੁਰੂ ।
- ਤਰਨਤਾਰਨ ਪੁਲਿਸ ਨੇ ਪੰਜ ਵਿਅਕਤੀਆਂ ਨੂੰ ਗੈਰ-ਕਾਨੂੰਨੀ ਹਥਿਆਰਾਂ, ਨਸ਼ੀਲੇ ਪਦਾਰਥਾਂ ਅਤੇ ਨਕਦੀ ਸਮੇਤ ਗ੍ਰਿਫ਼ਤਾਰ

ਕਰਕੇ ਨਸ਼ੀਲੇ ਪਦਾਰਥਾਂ ਅਤੇ ਹਵਾਲਾ ਸਿੰਡੀਕੇਟ ਦਾ ਕੀਤਾ ਪਰਦਾਫਾਸ਼ ।

- ਅੱਜ ਵਿਸ਼ਵ ਚਿੜੀ ਦਿਵਸ ਮਨਾਇਆ ਜਾ ਰਿਹਾ ਏ ।

------------------------------------------------------------------------

ਖੇਤੀਬਾੜੀ ਅਤੇ ਕਿਸਾਨ ਭਲਾਈ ਰਾਜ ਮੰਤਰੀ ਭਾਗੀਰਥ ਚੌਧਰੀ ਨੇ ਅੱਜ ਕਿਹਾ ਏ ਕਿ, ਕੇਂਦਰ ਸਰਕਾਰ ਕਿਸਾਨਾਂ ਦੀ ਭਲਾਈ ਲਈ ਵਚਨਬੱਧ ਏ ਅਤੇ ਇਸਨੇ 2014 ਤੋਂ ਉਨ੍ਹਾਂ ਲਈ ਕਈ ਉਪਾਅ ਕੀਤੇ ਨੇ। ਸੰਸਦ ਦੇ ਬਾਹਰ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਸ਼੍ਰੀ ਚੌਧਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸਰਕਾਰ ਨੇ, PM Kisan Samman Nidhi ਲਾਗੂ ਕੀਤੀ ਏ ਅਤੇ ਫਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ ਵਿੱਚ ਵਾਧਾ ਕੀਤਾ ਏ।BYTE

ਪੰਜਾਬ ਸਰਕਾਰ ਵੱਲੋਂ ਸ਼ੰਭੂ ਅਤੇ ਖਨੌਰੀ ਬਾਰਡਰਾਂ 'ਤੇ ਪ੍ਰਦਰਸ਼ਨ ਵਾਲੀ ਥਾਂ ਤੋਂ ਕਿਸਾਨਾਂ ਨੂੰ ਹਟਾਉਣ ਬਾਰੇ, ਮੰਤਰੀ ਨੇ ਸੱਤਾਧਾਰੀ ਆਮ ਆਦਮੀ ਪਾਰਟੀ ਅਤੇ ਕਾਂਗਰਸ ਦੀ ਆਲੋਚਨਾ ਕੀਤੀ। ਮੰਤਰੀ ਨੇ ਵਿਰੋਧੀ ਧਿਰ ਦੇ ਇਸ ਇਲਜ਼ਾਮ ਨੂੰ ਰੱਦ ਕਰ ਦਿੱਤਾ ਕਿ, ਕੇਂਦਰ ਨੇ ਪ੍ਰਦਰਸ਼ਨਕਾਰੀ ਕਿਸਾਨਾਂ ਨੂੰ ਪ੍ਰਦਰਸ਼ਨ ਵਾਲੀ ਥਾਂ ਤੋਂ ਹਟਾਇਆ। ਇਸ ਤੋਂ ਪਹਿਲਾਂ, ਕਾਂਗਰਸ ਦੇ ਸੰਸਦ ਮੈਂਬਰਾਂ ਨੇ ਕਿਸਾਨਾਂ ਲਈ

ਇਨਸਾਫ਼ ਦੀ ਮੰਗ ਕਰਦਿਆਂ, ਸੰਸਦ ਕੰਪਲੈਕਸ ਵਿੱਚ ਵਿਰੋਧ ਪ੍ਰਦਰਸ਼ਨ ਕੀਤਾ। ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਵੀ ਵਿਰੋਧ ਪ੍ਰਦਰਸ਼ਨ ਵਿੱਚ ਸ਼ਾਮਲ ਹੋਏ। ਇਸ ਦੌਰਾਨ, ਆਮ ਆਦਮੀ ਪਾਰਟੀ ਦੇ ਸੰਸਦ ਮੈਂਬਰ, ਸੰਦੀਪ ਪਾਠਕ ਨੇ ਕਿਹਾ ਕਿ ਕੇਂਦਰ ਸਰਕਾਰ ਹੀ, ਕਿਸਾਨਾਂ ਦੀਆਂ ਸਮੱਸਿਆਵਾਂ ਦਾ ਹੱਲ ਕਰ ਸਕਦੀ ਏ। ਸੰਸਦ ਭਵਨ ਵਿੱਚ, ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ, ਪੰਜਾਬ ਵਿੱਚ ਸੜਕਾਂ ਨੂੰ ਰੋਕਣਾ, ਸੂਬੇ ਦੇ ਕਿਸਾਨਾਂ ਅਤੇ ਛੋਟੇ ਵਪਾਰੀਆਂ ਲਈ ਚੰਗਾ ਨਹੀਂ ਏ।

-----------------------------------------------------------------------------------

ਤਰਨਤਾਰਨ ਪੁਲਿਸ ਨੇ ਪੰਜ ਵਿਅਕਤੀਆਂ ਨੂੰ ਗੈਰ-ਕਾਨੂੰਨੀ ਹਥਿਆਰਾਂ, ਨਸ਼ੀਲੇ ਪਦਾਰਥਾਂ ਅਤੇ ਨਕਦੀ ਸਮੇਤ ਗ੍ਰਿਫ਼ਤਾਰ ਕਰਕੇ ਨਸ਼ੀਲੇ ਪਦਾਰਥਾਂ ਅਤੇ ਹਵਾਲਾ ਸਿੰਡੀਕੇਟ ਦਾ ਪਰਦਾਫਾਸ਼ ਕੀਤਾ । ਪੁਲਿਸ ਨੇ ਮੁਲਜ਼ਮਾਂ ਨੂੰ ਘੇਰਿਆ ਤਾਂ ਉਨ੍ਹਾਂ ਨੇ ਪੁਲਿਸ ਪਾਰਟੀ 'ਤੇ ਗੋਲੀਬਾਰੀ ਕੀਤੀ । ਪੁਲਿਸ ਨੇ ਆਤਮ ਰੱਖਿਆ ਵਿੱਚ ਗੋਲੀਬਾਰੀ ਕੀਤੀ, ਜਿਸ ਦੌਰਾਨ ਉਨ੍ਹਾਂ ਵਿੱਚੋਂ ਦੋ ਤਸਕਰ ਜ਼ਖਮੀ ਹੋ ਗਏ। ਬਾਅਦ ਦੀ ਜਾਂਚ ਦੇ ਨਤੀਜੇ ਵਜੋਂ ਇਕਬਾਲ ਸਿੰਘ ਨੂੰ ਗ੍ਰਿਫ਼ਤਾਰ ਕੀਤਾ ਗਿਆ, ਜੋ ਕਿ ਦੁਬਈ ਸਥਿਤ ਡਰੱਗ ਕਾਰਟੈਲ ਨਾਲ ਜੁੜੇ ਹਵਾਲਾ ਲੈਣ-

ਦੇਣ ਦਾ  ਮੁੱਖ ਸਹਾਇਕ ਸੀ। ਉਸਨੇ ਪਿਛਲੇ ਤਿੰਨ ਮਹੀਨਿਆਂ ਵਿੱਚ ਸਰਹੱਦ ਪਾਰ ਨਸ਼ੀਲੇ ਪਦਾਰਥਾਂ ਦੀ ਤਸਕਰੀ ਦਾ ਸਮਰਥਨ ਕਰਨ ਲਈ  50 ਕਰੋੜ ਦੀ ਰਕਮ ਦਾ ਸੰਚਾਰ ਕਰਨ ਦੀ ਗੱਲ ਕਬੂਲੀ ਏ । ਉਨ੍ਹਾਂ ਤੋਂ 7 ਕਿਲੋ ਅਫੀਮ, 6 ਮੈਗਜ਼ੀਨਾਂ ਦੇ ਨਾਲ 3 ਪਿਸਤੌਲ, 23 ਲਖ 10 ਹਜ਼ਾਰ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਏ ।

---------------------------------------------------------------------------------

ਪੰਜਾਬ ਵਿੱਚ, ਉਦਯੋਗਪਤੀਆਂ ਅਤੇ ਆਮ ਲੋਕਾਂ ਨੇ ਬੀਤੀ ਸ਼ਾਮ ਹਰਿਆਣਾ ਨਾਲ ਲੱਗਦੇ ਸ਼ੰਭੂ ਅਤੇ ਖਨੌਰੀ ਚੈੱਕ ਪੁਆਇੰਟਾਂ ਤੋਂ ਸੂਬਾ ਸਰਕਾਰ ਵੱਲੋਂ ਕਿਸਾਨਾਂ ਨੂੰ ਹਟਾਉਣ ਦਾ ਸਵਾਗਤ ਕੀਤਾ ਏ। ਕਿਸਾਨਾਂ ਵੱਲੋਂ ਬਣਾਏ ਗਏ ਅਸਥਾਈ ਢਾਂਚਿਆਂ ਅਤੇ ਚੈੱਕ ਪੁਆਇੰਟਾਂ 'ਤੇ ਉਨ੍ਹਾਂ ਦੇ ਖੜ੍ਹੇ ਵਾਹਨਾਂ ਨੂੰ ਹਟਾ ਦਿੱਤਾ ਗਿਆ ਏ। ਹਾਲਾਂਕਿ, ਸ਼ਾਹਰਾਹ ਨੂੰ ਅਜੇ ਤੱਕ ਵਾਹਨਾਂ ਦੀ ਆਵਾਜਾਈ ਲਈ ਖੋਲ੍ਹਿਆ ਨਹੀਂ ਗਿਆ ਕਿਉਂਕਿ ਅਧਿਕਾਰੀ ਅਜੇ ਵੀ ਕੰਕਰੀਟ ਬੈਰੀਕੇਡ ਹਟਾਉਣ ਵਿਚ ਲੱਗੇ ਹੋਏ ਨੇ । ਹਰਿਆਣਾ ਪੁਲਿਸ ਨੇ ਵੀ ਬੈਰੀਕੇਡ ਹਟਾਉਣੇ ਸ਼ੁਰੂ ਕਰ ਦਿੱਤੇ ਹਨ। ਸ਼ੰਭੂ-ਅੰਬਾਲਾ ਸੜਕ  ਨੂੰ ਸਾਫ਼ ਕਰਨ ਵਾਸਤੇ ਕੰਕਰੀਟ ਦੀਆਂ ਰੁਕਾਵਟਾਂ ਨੂੰ ਦੂਰ ਕਰਨ ਲਈ ਜੇ. ਸੀ. ਬੀ. ਮਸ਼ੀਨਾਂ ਲਾਈਆਂ ਗਈਆਂ ਨੇ । ਫਸਲਾਂ 'ਤੇ ਕਾਨੂੰਨੀ ਘੱਟੋ-ਘੱਟ ਸਮਰਥਨ ਮੁੱਲ ਦੀ ਮੰਗ ਅਤੇ ਕੁਝ ਹੋਰ ਮੰਗਾਂ ਪੂਰੀਆਂ ਕਰਵਾਉਣ ਲਈ ਕਿਸਾਨਾਂ ਵੱਲੋਂ ਕੀਤੇ ਜਾ ਰਹੇ ਵਿਰੋਧ

ਪ੍ਰਦਰਸ਼ਨਾਂ ਕਾਰਨ ਦੋਵੇਂ ਸਰਹੱਦੀ ਪੁਆਇੰਟ ਲਗਭਗ ਇੱਕ ਸਾਲ ਤੋਂ ਵੱਧ ਸਮੇਂ ਤੋਂ ਬੰਦ ਸਨ। ਚੈਕ ਪੁਆਇੰਟ ਬੰਦ ਹੋਣ ਨਾਲ ਦਿੱਲੀ-ਅੰਮ੍ਰਿਤਸਰ ਸ਼ਾਹਰਾਹ 'ਤੇ ਆਵਾਜਾਈ ਵਿੱਚ ਰੁਕਾਵਟਾਂ ਪੈਦਾ ਹੋ ਰਹੀਆਂ ਸਨ, ਜਿਸ ਦੇ ਨਤੀਜੇ ਵਜੋਂ ਪੰਜਾਬ ਦੇ ਉਦਯੋਗ ਨੂੰ ਨੁਕਸਾਨ ਹੋ ਰਿਹਾ ਸੀ ਅਤੇ ਆਮ ਲੋਕਾਂ ਨੂੰ ਪਰੇਸ਼ਾਨੀ ਹੋ ਰਹੀ ਸੀ। ਇਸੇ ਦੌਰਾਨ ਪਤਾ ਚਲਿਆ ਏ ਕਿ ਪੰਜਾਬ ਤੋਂ ਹਰਿਆਣਾ ਜਾਣ ਵਾਲਾ ਰਾਹ ਖੁਲ ਗਿਆ ਏ । ਇਸ ਸਬੰਧੀ ਲੁਧਿਆਣਾ ਤੋਂ ਵਰਲਡ MSME ਫੋਰਮ ਦੇ ਪ੍ਰਧਾਨ ਬਦੀਸ਼ ਜਿੰਦਲ ਨੇ ਕਿਹਾ… Byte-: ਇਸ ਦੌਰਾਨ, ਸਾਡੇ ਜਲੰਧਰ ਪੱਤਰਕਾਰ ਨੇ ਜਾਣਕਾਰੀ ਦਿੱਤੀ ਏ ਕਿ ਜ਼ਿਲ੍ਹਾ ਪੱਧਰ 'ਤੇ ਕਿਸੇ ਵੀ ਕਿਸੇ ਵੀ ਸਥਿਤੀ ਨਾਲ ਸਿੱਝਣ ਲਈ ਸੂਬੇ ਭਰ ਵਿੱਚ ਵੱਡੀ ਗਿਣਤੀ ਵਿੱਚ ਪੁਲਿਸ ਕਰਮਚਾਰੀ ਤਾਇਨਾਤ ਕੀਤੇ ਗਏ ਨੇ ਕਿਉਂਕਿ ਕਿਸਾਨ ਯੂਨੀਅਨਾਂ ਨੇ ਕਿਸਾਨ ਆਗੂਆਂ ਜਗਜੀਤ ਸਿੰਘ ਡੱਲੇਵਾਲ, ਸਰਵਣ ਸਿੰਘ ਪੰਧੇਰ ਅਤੇ ਹੋਰਾਂ ਦੀ ਗ੍ਰਿਫ਼ਤਾਰੀ ਵਿਰੁੱਧ ਆਪਣਾ ਵਿਰੋਧ ਦਰਜ ਕਰਵਾਉਣ ਲਈ ਡਿਪਟੀ ਕਮਿਸ਼ਨਰਾਂ ਦੇ ਦਫ਼ਤਰਾਂ ਦੇ ਬਾਹਰ ਵਿਰੋਧ ਪ੍ਰਦਰਸ਼ਨ ਕਰਨ ਅਤੇ ਸੜਕਾਂ ਜਾਮ ਕਰਨ ਦਾ ਫੈਸਲਾ ਕੀਤਾ ਏ। ਏਧਰ ਜਲੰਧਰ ਸਮੇਤ ਪੰਜਾਬ ਭਰ ਵਿਚ ਇਸਨੂੰ ਲੈਕੇ ਵਿਰੋਧ ਪ੍ਰਦਰਸ਼ਨ ਵੀ ਕੀਤਾ ਗਿਆ । ਭਾਵੇਂ ਕਈ ਵਿਰੋਧੀ ਆਗੂਆਂ ਨੇ ਕਿਸਾਨਾਂ ਵਿਰੁੱਧ ਪੁਲਿਸ ਕਾਰਵਾਈ ਲਈ ਸੂਬਾ ਸਰਕਾਰ ਦੀ ਨਿਖੇਧੀ

ਕੀਤੀ , ਪਰ ਪੰਜਾਬ ਦੇ ਖਜਾਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਹ ਕਦਮ ਸੂਬੇ ਦੇ ਆਰਥਿਕ ਵਿਕਾਸ ਲਈ ਜ਼ਰੂਰੀ ਸੀ

---------------------------------------------------------------------------

ਕੇਂਦਰੀ ਵਿੱਤ ਅਤੇ ਕਾਰਪੋਰੇਟ ਮਾਮਲਿਆਂ ਬਾਰੇ ਮੰਤਰਾਲੇ ਵੱਲੋਂ ਬੀਤੇ ਦਿਨੀਂ ਨਵੀਂ ਦਿੱਲੀ ਵਿੱਚ ਪ੍ਰਧਾਨ ਮੰਤਰੀ ਇੰਟਰਨਸ਼ਿਪ ਯੋਜਨਾ ਲਈ ਇੱਕ ਸਮਰਪਿਤ ਮੋਬਾਈਲ ਐਪ ਜਾਰੀ ਕੀਤੀ ਗਈ। ਇਸ ਦੀ ਰਜਿਸਟ੍ਰੇਸ਼ਨ ਆਧਾਰ ਰਾਹੀਂ ਆਸਾਨੀ ਨਾਲ ਕੀਤੀ ਜਾ ਸਕਦੀ ਏ। ਹੋਰ ਵੇਰਵੇ ਨਾਲ ਇੱਕ ਰਿਪੋਰਟ .....

**ਵਿੱਤ ਅਤੇ ਕਾਰਪੋਰੇਟ ਮਾਮਲਿਆਂ ਬਾਰੇ ਕੇਂਦਰੀ ਮੰਤਰੀ, ਨਿਰਮਲਾ ਸੀਤਾਰਮਨ ਨੇ ਪ੍ਰਧਾਨ ਮੰਤਰੀ ਇੰਟਰਨਸ਼ਿਪ ਯੋਜਨਾ ਲਈ, ਇੱਕ ਸਮਰਪਿਤ ਮੋਬਾਈਲ ਐਪ ਲਾਂਚ ਕੀਤੀ ਏ। ਇਸ ਵਿੱਚ ਉਮੀਦਵਾਰਾਂ ਨੂੰ ਨਵੇਂ ਅਪਡੇਟਸ ਤੋਂ ਜਾਣੂ ਰੱਖਣ ਸਮੇਤ ਕਈ ਵਿਸ਼ੇਸ਼ਤਾਵਾਂ ਸ਼ਾਮਲ ਨੇ। ਕੇਂਦਰੀ ਮੰਤਰੀ ਨੇ ਕਿਹਾ ਏ ਕਿ ਪ੍ਰਧਾਨ ਮੰਤਰੀ ਇੰਟਰਨਸ਼ਿਪ ਯੋਜਨਾ ਸਿੱਖਣ ਅਤੇ ਉਦਯੋਗ ਦੀਆਂ ਉਮੀਦਾਂ ਵਿਚਕਾਰ ਪਾੜੇ ਨੂੰ ਪੂਰਾ ਕਰਨ ਦੀ ਸਮਰੱਥਾ ਰੱਖਦੀ ਏ, ਜਿਸ ਨਾਲ ਨੌਜਵਾਨਾਂ ਦੀ ਰੁਜ਼ਗਾਰ ਯੋਗਤਾ ਵਿੱਚ ਵਾਧਾ ਹੋਵੇਗਾ।**
**ਇਸ ਨਾਲ ਪੰਜਾਬ ਸਮੇਤ ਦੇਸ਼ ਭਰ ਵਿੱਚ, ਹੁਨਰਮੰਦ ਕਰਮਚਾਰੀਆਂ ਨੂੰ ਉਤਸ਼ਾਹਿਤ ਕੀਤਾ ਜਾਵੇਗਾ ਜੋ ਰਾਸ਼ਟਰ ਨਿਰਮਾਣ ਵਿੱਚ ਮਦਦਗਾਰ ਹੋਵੇਗਾ। ਉਨ੍ਹਾਂ ਨੇ ਉਦਯੋਗਾਂ ਨੂੰ ਇਸ ਯੋਜਨਾ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਦੀ ਅਪੀਲ ਕੀਤੀ। ਪ੍ਰਧਾਨ ਮੰਤਰੀ ਇੰਟਰਨਸ਼ਿਪ ਯੋਜਨਾ ਦਾ ਐਲਾਨ 2024-25 ਦੇ ਬਜਟ ਵਿੱਚ ਕੀਤਾ ਗਿਆ ਸੀ। ਇਸਦਾ ਉਦੇਸ਼ ਪੰਜ ਸਾਲਾਂ ਵਿੱਚ ਚੋਟੀ ਦੀਆਂ 500 ਕੰਪਨੀਆਂ ਵਿੱਚ ਇੱਕ ਕਰੋੜ ਨੌਜਵਾਨਾਂ ਨੂੰ ਇੰਟਰਨਸ਼ਿਪ ਦੇ ਮੌਕੇ ਪ੍ਰਦਾਨ ਕਰਨਾ ਏ। ਇਸ ਯੋਜਨਾ ਦਾ ਪਾਇਲਟ ਪ੍ਰੋਜੈਕਟ ਨੌਜਵਾਨਾਂ ਨੂੰ ਇੱਕ ਲੱਖ 25 ਹਜ਼ਾਰ ਇੰਟਰਨਸ਼ਿਪ ਦੇ ਮੌਕੇ ਪ੍ਰਦਾਨ ਕਰਨ ਦੇ ਟੀਚੇ ਨਾਲ ਪਿਛਲੇ ਸਾਲ ਅਕਤੂਬਰ ਵਿੱਚ ਸ਼ੁਰੂ ਕੀਤਾ ਗਿਆ ਸੀ। ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ ਮੈਂ ਕਾਜਲ**

---------------------------------------------------------------------------

ਪੰਜਾਬ ਸਰਕਾਰ ਨੇ 13 ਮਾਰਚ ਦੀ ਰਾਤ ਨੂੰ ਪਟਿਆਲਾ ਵਿੱਚ ਪਾਰਕਿੰਗ ਦੇ ਮੁੱਦੇ ਨੂੰ ਲੈ ਕੇ ਪੁਲਿਸ ਅਧਿਕਾਰੀਆਂ ਵਲੋਂ ਕਰਨਲ ਪੁਸ਼ਪਿੰਦਰ ਬਾਠ ਅਤੇ ਉਨ੍ਹਾਂ ਦੇ ਪੁੱਤਰ 'ਤੇ ਹੋਏ ਬੇਰਹਿਮੀ ਭਰੇ ਹਮਲੇ ਦੀ ਮੈਜਿਸਟ੍ਰੇਟ ਜਾਂਚ ਸ਼ੁਰੂ ਕਰ ਦਿੱਤੀ ਏ । ਪਟਿਆਲਾ ਨਗਰ ਨਿਗਮ

ਕਮਿਸ਼ਨਰ, ਪਰਮਵੀਰ ਸਿੰਘ ਨੂੰ ਜਾਂਚ ਅਧਿਕਾਰੀ ਨਿਯੁਕਤ ਕੀਤਾ ਗਿਆ ਏ ਅਤੇ ਉਨ੍ਹਾਂ ਨੂੰ ਵਿਸ਼ੇਸ਼ ਕਾਰਜਕਾਰੀ ਮੈਜਿਸਟ੍ਰੇਟ ਦੀਆਂ ਸ਼ਕਤੀਆਂ ਸੌਂਪੀਆਂ ਗਈਆਂ ਨੇ। ਉਨ੍ਹਾਂ ਨੂੰ ਤਿੰਨ ਹਫ਼ਤਿਆਂ ਦੇ ਅੰਦਰ ਜਾਂਚ ਪੂਰੀ ਕਰਨ ਦੇ ਨਿਰਦੇਸ਼ ਦਿੱਤੇ ਗਏ ਨੇ ।

ਪਟਿਆਲਾ SSP ਨਾਨਕ ਸਿੰਘ ਨੇ ਘਟਨਾ ਤੋਂ ਦੋ ਦਿਨ ਬਾਅਦ ਇੱਕ ਪ੍ਰੈਸ ਕਾਨਫਰੰਸ ਦੌਰਾਨ ਇਸ ਘਟਨਾ ਲਈ ਮੁਆਫ਼ੀ ਮੰਗਦੇ ਹੋਏ, 12 ਪੁਲਿਸ ਮੁਲਾਜ਼ਮਾਂ ਨੂੰ ਮੁਅੱਤਲ ਕਰ ਦਿੱਤਾ ਸੀ। ਹਾਲਾਂਕਿ, ਕਿਉਂਕਿ ਫੌਜੀ ਅਧਿਕਾਰੀ ਦੇ ਪਰਿਵਾਰਕ ਮੈਂਬਰਾਂ ਨੇ ਮਾਮਲੇ ਦੀ ਚੱਲ ਰਹੀ ਜਾਂਚ ਤੋਂ ਅਸੰਤੁਸ਼ਟੀ ਪ੍ਰਗਟ ਕੀਤੀ ਸੀ, ਜਿਸ ਕਾਰਨ ਸੂਬਾ ਸਰਕਾਰ ਨੇ ਮੈਜਿਸਟ੍ਰੇਟ ਜਾਂਚ ਦੇ ਹੁਕਮ ਦਿੱਤੇ ਹਨ।

ਪਰਿਵਾਰ ਦੇ ਅੱਜ ਸ਼ਾਮ ਨੂੰ ਪੰਜਾਬ ਦੇ ਰਾਜਪਾਲ ਨਾਲ ਵੀ ਮੁਲਾਕਾਤ ਕਰਨ ਦੀ ਸੰਭਾਵਨਾ ਏ। ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਨੇ ਵੀ ਇਸ ਘਟਨਾ ਦਾ ਖੁਦ ਨੋਟਿਸ ਲਿਆ ਅਤੇ ਪਟਿਆਲਾ ਪੁਲਿਸ ਅਧਿਕਾਰੀਆਂ ਤੋਂ 24 ਅਪ੍ਰੈਲ ਨੂੰ ਰਿਪੋਰਟ ਮੰਗੀ ਸੀ । ਇਹ ਘਟਨਾ 13 ਤੇ 14 ਮਾਰਚ ਦੀ ਰਾਤ ਨੂੰ ਪਟਿਆਲਾ ਵਿਖੇ ਵਾਪਰੀ ਜਦੋਂ ਕਰਨਲ ਪੁਸ਼ਪਿੰਦਰ ਬਾਠ ਆਪਣੇ ਪੁੱਤਰ ਨਾਲ ਇੱਕ ਰੈਸਟੋਰੈਂਟ ਵਿੱਚ ਖਾਣਾ ਖਾ ਰਹੇ ਸਨ। ਮੁਅੱਤਲ ਕੀਤੇ ਗਏ ਪੁਲਿਸ ਮੁਲਾਜ਼ਮਾਂ ਨੇ ਵਾਹਨ ਪਾਰਕਿੰਗ ਵਿਵਾਦ ਨੂੰ ਲੈ ਕੇ ਦੋਵਾਂ ਦੀ ਕੁੱਟਮਾਰ ਕੀਤੀ ।

---------------------------------------------------------------------------

ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਅਨੁਮਾਨ ਕਮੇਟੀ ਦੇ ਚੇਅਰਮੈਨ ਵਜੋਂ ਸੂਬਾ ਸਰਕਾਰ ਦੇ ਵੱਖ-ਵੱਖ ਵਿਭਾਗਾਂ ਦੇ ਪ੍ਰਬੰਧਕੀ ਸਕੱਤਰਾਂ ਨਾਲ ਲੋਕ ਭਲਾਈ ਯੋਜਨਾਵਾਂ ਨੂੰ ਲਾਗੂ ਕਰਨ ਸਬੰਧੀ  ਵਿਚਾਰ-ਚਰਚਾ ਕੀਤੀ। ਮੀਟਿੰਗ ਦੌਰਾਨ, ਡਿਪਟੀ ਸਪੀਕਰ ਨੇ ਸਾਰੇ ਵਿਭਾਗੀ  ਮੁਖੀਆਂ ਨੂੰ ਸਾਰੇ ਖੇਤਰਾਂ ਵਿੱਚ ਇਨਾਂ ਯੋਜਨਾਵਾਂ ਨੂੰ ਪੂਰੀ ਤਰਾਂ ਲਾਗੂ ਕਰਨ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨਾਂ ਨੇ ਜਨਤਕ ਜਾਗਰੂਕਤਾ ਮੁਹਿੰਮਾਂ ਦੀ ਜਰੂਰਤ ‘ਤੇ ਜ਼ੋਰ ਦਿੱਤਾ ਤਾਂ ਜੋ ਸਮਾਜ ਦਾ ਹਰ ਵਰਗ ਇਨਾਂ ਲੋਕ ਪੱਖੀ ਪਹਿਲਕਦਮੀਆਂ ਦਾ ਲਾਭ ਸਮੇਂ ਸਿਰ ਹਾਸਲ ਕਰ ਸਕੇ। ਜਨਤਕ ਫੰਡਾਂ ਦੀ ਸੁਚੱਜੀ ਵਰਤੋਂ ਨੂੰ ਯਕੀਨੀ ਬਣਾਉਂਦੇ ਹੋਏ ਡਿਪਟੀ ਸਪੀਕਰ  ਨੇ ਜੋਰ ਦੇ ਕੇ ਕਿਹਾ ਕਿ  ਨਿਰਧਾਰਤ ਫੰਡਾਂ ਦੀ ਵਰਤੋਂ ਸਿਰਫ ਜਨਤਕ ਲਾਭ ਲਈ ਹੀ ਕੀਤੀ ਜਾਣੀ ਚਾਹੀਦੀ ਏ । ਉਨਾਂ ਨੇ ਵਿਭਾਗਾਂ ਨੂੰ ਇਨਾਂ ਯੋਜਨਾਵਾਂ ਨੂੰ ਲਾਗੂ ਕਰਦੇ ਸਮੇਂ ਪਾਰਦਰਸ਼ਤਾ ਅਤੇ ਜਵਾਬਦੇਹੀ ਬਣਾਈ ਰੱਖਣ ਦੀ ਵੀ ਅਪੀਲ ਕੀਤੀ।

---------------------------------------------------------------------------

ਉੱਤਰਾਖੰਡ ਵਿੱਚ ਚਾਰ ਧਾਮ ਯਾਤਰਾ ਲਈ ਰਜਿਸਟ੍ਰੇਸ਼ਨ ਅੱਜ ਤੋਂ ਸ਼ੁਰੂ ਹੋ ਗਈ ਏ । ਇਸ ਸਾਲ ਰਜਿਸਟ੍ਰੇਸ਼ਨ ਦੀ ਪ੍ਰਮਾਣਿਕਤਾ ਆਧਾਰ ਕਾਰਡ

ਰਾਹੀਂ ਹੋਵੇਗੀ ਅਤੇ ਸ਼ਰਧਾਲੂਆਂ ਨੂੰ ਰਜਿਸਟ੍ਰੇਸ਼ਨ ਦੌਰਾਨ ਆਪਣੇ ਆਧਾਰ ਕਾਰਡ ਦੇ ਵੇਰਵੇ ਦੇਣੇ ਪੈਣਗੇ। ਕੁੱਲ ਰਜਿਸਟ੍ਰੇਸ਼ਨਾਂ ਵਿੱਚੋਂ 60 ਫੀਸਦੀ ਰਜਿਸਟ੍ਰੇਸ਼ਨਾਂ ਆਨਲਾਈਨ ਕੀਤੀਆਂ ਜਾਣਗੀਆਂ ਜਦੋਂ ਕਿ 40 ਫੀਸਦੀ ਆਫਲਾਈਨ ਕੀਤੀਆਂ ਜਾਣਗੀਆਂ ਤਾਂ ਜੋ ਸ਼ਰਧਾਲੂਆਂ ਨੂੰ ਕਿਸੇ ਵੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ। ਸ਼ਰਧਾਲੂ ਰਜਿਸਟ੍ਰੇਸ਼ਨ ਐਂਡ ਟੂਰਿਸਟ care.uk.gov.in 'ਤੇ ਆਨਲਾਈਨ ਰਜਿਸਟਰ ਕਰ ਸਕਦੇ ਨੇ ।

---------------------------------------------------------------------------------

ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਅਨੁਮਾਨ ਕਮੇਟੀ ਦੇ ਚੇਅਰਮੈਨ ਵਜੋਂ ਸੂਬਾ ਸਰਕਾਰ ਦੇ ਵੱਖ-ਵੱਖ ਵਿਭਾਗਾਂ ਦੇ ਪ੍ਰਬੰਧਕੀ ਸਕੱਤਰਾਂ ਨਾਲ ਲੋਕ ਭਲਾਈ ਯੋਜਨਾਵਾਂ ਨੂੰ ਲਾਗੂ ਕਰਨ ਸਬੰਧੀ ਵਿਚਾਰ-ਚਰਚਾ ਕੀਤੀ। ਮੀਟਿੰਗ ਦੌਰਾਨ, ਡਿਪਟੀ ਸਪੀਕਰ ਨੇ ਸਾਰੇ ਵਿਭਾਗੀ ਮੁਖੀਆਂ ਨੂੰ ਸਾਰੇ ਖੇਤਰਾਂ ਵਿੱਚ ਇਨਾਂ ਯੋਜਨਾਵਾਂ ਨੂੰ ਪੂਰੀ ਤਰਾਂ ਲਾਗੂ ਕਰਨ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨਾਂ ਨੇ ਜਨਤਕ ਜਾਗਰੂਕਤਾ ਮੁਹਿੰਮਾਂ ਦੀ ਜਰੂਰਤ ‘ਤੇ ਜ਼ੋਰ ਦਿੱਤਾ ਤਾਂ ਜੋ ਸਮਾਜ ਦਾ ਹਰ ਵਰਗ ਇਨਾਂ ਲੋਕ ਪੱਖੀ ਪਹਿਲਕਦਮੀਆਂ ਦਾ ਲਾਭ ਸਮੇਂ ਸਿਰ ਹਾਸਲ ਕਰ ਸਕੇ। ਜਨਤਕ ਫੰਡਾਂ ਦੀ ਸੁਚੱਜੀ ਵਰਤੋਂ ਨੂੰ ਯਕੀਨੀ ਬਣਾਉਂਦੇ ਹੋਏ ਡਿਪਟੀ

ਸਪੀਕਰ ਨੇ ਜੋਰ ਦੇ ਕੇ ਕਿਹਾ ਕਿ ਨਿਰਧਾਰਤ ਫੰਡਾਂ ਦੀ ਵਰਤੋਂ ਸਿਰਫ ਜਨਤਕ ਲਾਭ ਲਈ ਹੀ ਕੀਤੀ ਜਾਣੀ ਚਾਹੀਦੀ ਏ। ਉਨਾਂ ਨੇ ਵਿਭਾਗਾਂ ਨੂੰ ਇਨਾਂ ਯੋਜਨਾਵਾਂ ਨੂੰ ਲਾਗੂ ਕਰਦੇ ਸਮੇਂ ਪਾਰਦਰਸ਼ਤਾ ਅਤੇ ਜਵਾਬਦੇਹੀ ਬਣਾਈ ਰੱਖਣ ਦੀ ਵੀ ਅਪੀਲ ਕੀਤੀ। PN

---------------------------------------------------------------------------

ਤਰਨਤਾਰਨ ਪੁਲਿਸ ਨੇ ਪੰਜ ਵਿਅਕਤੀਆਂ ਨੂੰ ਗੈਰ-ਕਾਨੂੰਨੀ ਹਥਿਆਰਾਂ, ਨਸ਼ੀਲੇ ਪਦਾਰਥਾਂ ਅਤੇ ਨਕਦੀ ਸਮੇਤ ਗ੍ਰਿਫ਼ਤਾਰ ਕਰਕੇ ਨਸ਼ੀਲੇ ਪਦਾਰਥਾਂ ਅਤੇ ਹਵਾਲਾ ਸਿੰਡੀਕੇਟ ਦਾ ਪਰਦਾਫਾਸ਼ ਕੀਤਾ । ਪੁਲਿਸ ਨੇ ਮੁਲਜ਼ਮਾਂ ਨੂੰ ਘੇਰਿਆ ਤਾਂ ਉਨ੍ਹਾਂ ਨੇ ਪੁਲਿਸ ਪਾਰਟੀ 'ਤੇ ਗੋਲੀਬਾਰੀ ਕੀਤੀ। ਪੁਲਿਸ ਨੇ ਆਤਮ ਰੱਖਿਆ ਵਿੱਚ ਗੋਲੀਬਾਰੀ ਕੀਤੀ, ਜਿਸ ਦੌਰਾਨ ਉਨ੍ਹਾਂ ਵਿੱਚੋਂ ਦੋ ਤਸਕਰ ਜ਼ਖਮੀ ਹੋ ਗਏ। ਬਾਅਦ ਦੀ ਜਾਂਚ ਦੇ ਨਤੀਜੇ ਵਜੋਂ ਇਕਬਾਲ ਸਿੰਘ ਨੂੰ ਗ੍ਰਿਫ਼ਤਾਰ ਕੀਤਾ ਗਿਆ, ਜੋ ਕਿ ਦੁਬਈ ਸਥਿਤ ਡਰੱਗ ਕਾਰਟੈਲ ਨਾਲ ਜੁੜੇ ਹਵਾਲਾ ਲੈਣ-ਦੇਣ ਦਾ ਮੁੱਖ ਸਹਾਇਕ ਸੀ। ਉਸਨੇ ਪਿਛਲੇ ਤਿੰਨ ਮਹੀਨਿਆਂ ਵਿੱਚ ਸਰਹੱਦ ਪਾਰ ਨਸ਼ੀਲੇ ਪਦਾਰਥਾਂ ਦੀ ਤਸਕਰੀ ਦਾ ਸਮਰਥਨ ਕਰਨ ਲਈ 50 ਕਰੋੜ ਦੀ ਰਕਮ ਦਾ ਸੰਚਾਰ ਕਰਨ ਦੀ ਗੱਲ ਕਬੂਲੀ ਏ।

ਉਨ੍ਹਾਂ ਤੋਂ 7 ਕਿਲੋ ਅਫੀਮ, 6 ਮੈਗਜ਼ੀਨਾਂ ਦੇ ਨਾਲ 3 ਪਿਸਤੌਲ, 23 ਲਖ 10 ਹਜ਼ਾਰ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਏ ।

---------------------------------------------------------------------------------

ਅੱਜ ਵਿਸ਼ਵ ਚਿੜੀ ਦਿਵਸ ਏ। ਇਹ ਦਿਨ ਹਰ ਸਾਲ 20 ਮਾਰਚ ਨੂੰ ਚਿੜੀਆਂ ਦੀ ਆਬਾਦੀ ਵਿੱਚ, ਤੇਜ਼ੀ ਨਾਲ ਗਿਰਾਵਟ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਮਨਾਇਆ ਜਾਂਦਾ ਏ। ਵਿਸ਼ਵ ਚਿੜੀ ਦਿਵਸ, ਪਹਿਲੀ ਵਾਰ ਸਾਲ 2010 ਵਿੱਚ ਦੁਨੀਆ ਦੇ ਵੱਖ-ਵੱਖ ਹਿੱਸਿਆਂ ਵਿੱਚ ਮਨਾਇਆ ਗਿਆ ਸੀ। ਚਿੜੀਆਂ, ਕੀੜੇ-ਮਕੌੜਿਆਂ ਦੀ ਆਬਾਦੀ ਨੂੰ ਨਿਯੰਤਰਿਤ ਕਰਕੇ ਅਤੇ ਪੌਦਿਆਂ ਨੂੰ ਪਰਾਗਿਤ ਕਰਕੇ, ਵਾਤਾਵਰਣ ਸੰਤੁਲਨ ਬਣਾਈ ਰੱਖਣ ਵਿੱਚ, ਅਹਿਮ ਭੂਮਿਕਾ ਨਿਭਾਉਂਦੀਆਂ ਨੇ।

---------------------------------------------------------------------------------

- ਖੇਤੀਬਾੜੀ ਅਤੇ ਕਿਸਾਨ ਭਲਾਈ ਰਾਜ ਮੰਤਰੀ ਭਾਗੀਰਥ ਚੌਧਰੀ ਨੇ ਕਿਹਾ - ਕੇਂਦਰ ਸਰਕਾਰ ਕਿਸਾਨਾਂ ਦੀ ਭਲਾਈ ਲਈ ਵਚਨਬੱਧ ਏ I
- ਪੰਜਾਬ ਵਿੱਚ, ਉਦਯੋਗਪਤੀਆਂ ਅਤੇ ਆਮ ਲੋਕਾਂ ਨੇ ਬੀਤੀ ਸ਼ਾਮ ਹਰਿਆਣਾ ਨਾਲ ਲੱਗਦੇ ਸ਼ੰਭੂ ਅਤੇ ਖਨੌਰੀ ਚੈੱਕ ਪੁਆਇੰਟਾਂ ਤੋਂ ਸੂਬਾ ਸਰਕਾਰ ਵੱਲੋਂ ਕਿਸਾਨਾਂ ਨੂੰ ਹਟਾਉਣ ਦਾ ਸਵਾਗਤ ਕੀਤਾ ।

- ਪੰਜਾਬ ਸਰਕਾਰ ਨੇ ਬੀਤੇ ਦਿਨੀ ਪੁਲਿਸ ਅਧਿਕਾਰੀਆਂ ਵਲੋਂ ਕਰਨਲ ਪੁਸ਼ਪਿੰਦਰ ਬਾਠ ਅਤੇ ਉਨ੍ਹਾਂ ਦੇ ਪੁੱਤਰ ੨ਤੇ ਹੋਏ ਹਮਲੇ ਦੀ ਮੈਜਿਸਟ੍ਰੇਟ ਜਾਂਚ ਦੇ ਹੁਕਮ ਦਿਤੇ ।
- ਉੱਤਰਾਖੰਡ ਵਿੱਚ ਚਾਰ ਧਾਮ ਯਾਤਰਾ ਲਈ ਰਜਿਸਟ੍ਰੇਸ਼ਨ ਅੱਜ ਤੋਂ ਹੋਈ ਸ਼ੁਰੂ ।
- ਤਰਨਤਾਰਨ ਪੁਲਿਸ ਨੇ ਪੰਜ ਵਿਅਕਤੀਆਂ ਨੂੰ ਗੈਰ-ਕਾਨੂੰਨੀ ਹਥਿਆਰਾਂ, ਨਸ਼ੀਲੇ ਪਦਾਰਥਾਂ ਅਤੇ ਨਕਦੀ ਸਮੇਤ ਗ੍ਰਿਫ਼ਤਾਰ ਕਰਕੇ ਨਸ਼ੀਲੇ ਪਦਾਰਥਾਂ ਅਤੇ ਹਵਾਲਾ ਸਿੰਡੀਕੇਟ ਦਾ ਕੀਤਾ ਪਰਦਾਫਾਸ਼ ।
- ਅੱਜ ਵਿਸ਼ਵ ਚਿੜੀ ਦਿਵਸ ਮਨਾਇਆ ਜਾ ਰਿਹਾ ਏ ।